SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 91 | Wednesday, May 10, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਬਦਲਾ ਲਊ ਕਾਰਵਾਈ ਵਿੱਚ ਚੀਨ ਨੇ ਕੈਨੇਡਾ ਦੀ ਡਿਪਲੋਮੈਟ ਨੂੰ ਕੱਢਿਆ

ਓਟਵਾ, 9 ਮਈ (ਪੋਸਟ ਬਿਊਰੋ) : ਕੈਨੇਡਾ ਵੱਲੋਂ ਚੀਨ ਦੇ ਡਿਪਲੋਮੈਟ ਨੂੰ ਕੱਢਣ ਦੀ ਘਟਨਾ ਤੋਂ ਬਾਅਦ ਬਦਲਾਲਊ ਕਾਰਵਾਈ ਵਿੱਚ ਚੀਨ ਵੱਲੋਂ ਵੀ ਕੈਨੇਡਾ ਦੇ ਡਿਪਲੋਮੈਟ ਨੂੰ ਕੱਢ ਦਿੱਤਾ ਗਿਆ ਹੈ।




ਮੰਗਲਵਾਰ ਨੂੰ ਚੀਨ ਦੇ ਵਿਦੇਸ਼ ਮੰਤਰਾਲੇ ਨੇ ਆਪਣੀ ਇੰਗਲਿਸ਼ ਵੈੱਬਸਾਈਟ ਉੱਤੇ ਬਿਆਨ ਪੋਸਟ ਕਰਕੇ ਆਖਿਆ ਕਿ ਕੈਨੇਡਾ ਦੀ ਇਸ ਤਰ੍ਹਾਂ ਦੀ ਹੋਛੀ ਹਰਕਤ ਦਾ ਜਵਾਬ ਦੇਣ ਲਈ ਚੀਨ ਵੱਲੋਂ ਵੀ ਕੈਨੇਡੀਅਨ ਡਿਪਲੋਮੈਟ ਨੂੰ ਕੱਢਿਆ ਜਾ ਰਿਹਾ ਹੈ। ਚੀਨ ਵੱਲੋਂ ਕੈਨੇਡਾ ਦੀ ਇਸ ਕਾਰਵਾਈ ਦੀ ਨਿਖੇਧੀ ਕੀਤੀ ਗਈ ਤੇ ਇਸ ਦਾ ਸਖ਼ਤ ਵਿਰੋਧ ਵੀ ਕੀਤਾ ਗਿਆ। ਇਸ ਬਿਆਨ ਵਿੱਚ ਚੀਨ ਨੇ ਇਹ ਵੀ ਆਖਿਆ ਕਿ ਸ਼ੰਘਾਈ ਵਿੱਚ ਕੈਨੇਡਾ ਦੀ ਕਾਂਊਸਲੇਟ ਜਨਰਲ ਦੀ ਕਾਊਂਸਲ ਜੈਨੀਫਰ ਲਿੰਨ ਲਾਲੌਂਡੇ ਨੂੰ 13 ਮਈ ਤੋਂ ਪਹਿਲਾਂ ਦੇਸ਼ ਛੱਡਣ ਲਈ ਆਖ ਦਿੱਤਾ ਗਿਆ ਹੈ। ਇਹ ਵੀ ਆਖਿਆ ਗਿਆ ਕਿ ਸਮਾਂ ਆਉਣ ਉੱਤੇ ਅਗਲੀ ਕਾਰਵਾਈ ਕੀਤੀ ਜਾਵੇਗੀ।

ਸੋਮਵਾਰ ਨੂੰ ਵਿਦੇਸ਼ ਮੰਤਰੀ ਮਿਲੇਨੀ ਜੋਲੀ ਨੇ ਇੱਕ ਬਿਆਨ ਜਾਰੀ ਕਰਕੇ ਆਖਿਆ ਕਿ ਕੈਨੇਡਾ ਵੱਲੋਂ ਟੋਰਾਂਟੋ ਸਥਿਤ ਡਿਪਲੋਮੈਟ ਜਾਓ ਵੇਈ ਨੂੰ ਅਸਵੀਕਾਰ ਵਿਅਕਤੀ ਐਲਾਨ ਕੇ ਕੱਢਿਆ ਜਾ ਰਿਹਾ ਹੈ। ਜਾਓ ਨੂੰ ਕੱਢੇ ਜਾਣ ਦੀ ਕਾਰਵਾਈ ਪਿਛਲੇ ਹਫਤੇ ਉਸ ਸਮੇਂ ਸ਼ੁਰੂ ਹੋਈ ਜਦੋਂ ਗਲੋਬ ਐਂਡ ਮੇਲ ਤੇ ਸੀਐਸਆਈਐਸ ਨੇ ਇਹ ਰਿਪੋਰਟ ਨਸ਼ਰ ਕੀਤੀ ਕਿ 2021 ਵਿੱਚ ਕੰਜ਼ਰਵੇਟਿਵ ਐਮਪੀ ਮਾਈਕਲ ਚੌਂਗ ਤੇ ਹਾਂਗ ਕਾਂਗ ਸਥਿਤ ਉਨ੍ਹਾਂ ਦੇ ਰਿਸ਼ਤੇਦਾਰਾਂ ਨੂੰ ਚੀਨੀ ਸਰਕਾਰ ਵੱਲੋਂ ਵੇਈ ਰਾਹੀਂ ਧਮਕਾਇਆ ਗਿਆ। ਫੈਡਰਲ ਸਰਕਾਰ ਵੱਲੋਂ ਇਸ ਰਿਪੋਰਟ ਦੀ ਪੁਸ਼ਟੀ ਵੀ ਕੀਤੀ ਗਈ। ਜੋਲੀ ਦੇ ਇਸ ਐਲਾਨ ਤੋਂ ਬਾਅਦ ਓਟਵਾ ਸਥਿਤ ਚੀਨੀ ਅੰਬੈਸੀ ਨੇ ਇੱਕ ਬਿਆਨ ਜਾਰੀ ਕਰਦਿਆਂ ਦੋਸ਼ ਲਾਇਆ ਕਿ ਕੈਨੇਡਾ ਕੌਮਾਂਤਰੀ ਕਾਨੂੰਨ ਤੋੜਨ ਦੀ ਕੋਸ਼ਿਸ਼ ਕਰ ਰਿਹਾ ਹੈ ਤੇ ਚੀਨ ਵਿਰੋਧੀ ਭਾਵਨਾਵਾਂ ਨੂੰ ਹਵਾ ਦੇ ਰਿਹਾ ਹੈ। ਇਹ ਵੀ ਆਖਿਆ ਗਿਆ ਕਿ ਇਸ ਨਾਲ ਚੀਨ ਤੇ ਕੈਨੇਡਾ ਦਰਮਿਆਨ ਸਬੰਧ ਹਰ ਖਰਾਬ ਹੋ ਗਏ ਹਨ।

## ਨਵੇਂ ਐਜੂਕੇਸ਼ਨ ਬਿੱਲ ਉੱਤੇ ਟੀਡੀਐਸਬੀ ਨੇ ਪ੍ਰਗਟਾਈ ਚਿੰਤਾ

ਓਨਟਾਰੀਓ, 9 ਮਈ (ਪੋਸਟ ਬਿਊਰੋ) : ਓਨਟਾਰੀਓ ਦੇ ਸੱਭ ਤੋਂ ਵੱਡੇ ਸਕੂਲ ਬੋਰਡ ਵੱਲੋਂ ਨਵੇਂ ਐਜੂਕੇਸ਼ਨ ਬਿੱਲ ਉੱਤੇ ਚਿੰਤਾ ਪ੍ਰਗਟਾਈ ਜਾ ਰਹੀ ਹੈ ਤੇ ਇਹ ਵੀ ਆਖਿਆ ਗਿਆ ਹੈ ਕਿ ਇਸ ਨਾਲ ਕਈ ਮਾਮਲਿਆਂ ਵਿੱਚ ਸਕੂਲ ਦੇ ਟਰਸਟੀਆਂ ਦੀ ਭੂਮਿਕਾ ਕਮਜ਼ੋਰ ਹੋ ਜਾਵੇਗੀ।




ਟੋਰਾਂਟੋ ਡਿਸਟ੍ਰਿਕਟ ਸਕੂਲ ਬੋਰਡ (ਟੀਡੀਐਸਬੀ) ਦੀ ਚੇਅਰ ਰੇਸ਼ਲ ਚਰਨੌਸ ਲਿੰਨ ਨੇ ਸੋਸ਼ਲ ਪਾਲਿਸੀ ਬਾਰੇ ਪ੍ਰੋਵਿੰਸ ਦੀ ਸਟੈਂਡਿੰਗ ਕਮੇਟੀ ਸਾਹਮਣੇ ਡੈਪੂਟੇਸ਼ਨ ਦੌਰਾਨ ਆਖਿਆ ਕਿ ਬਿੱਲ 98 ਉੱਤੇ ਚਿੰਤਾ ਕਰਨੀ ਬਣਦੀ ਹੈ। ਟੀਡੀਐਸਬੀ ਨੇ ਆਖਿਆ ਕਿ ਜੇ ਇਹ ਬਿੱਲ ਬੈਟਰ ਸਕੂਲਜ਼ ਐਂਡ ਸਟੂਡੈਂਟ ਆਊਟਕਮਜ਼ ਐਕਟ ਪਾਸ ਹੋ ਜਾਂਦਾ ਹੈ ਤਾਂ ਕਮਿਊਨਿਟੀ ਦੀਆਂ ਲੋੜਾਂ ਦੇ ਅਧਾਰ ਉੱਤੇ ਕਿਹੜੀਆਂ ਸਕੂਲ ਬੋਰਡ ਸਾਈਟਸ ਨੂੰ ਵਾਧੂ ਕਰਾਰ ਦਿੱਤਾ ਜਾਵੇਗਾ ਇਹ ਤੈਅ ਕਰਨ ਵਿੱਚ ਟਰੱਸਟੀਜ਼ ਦੀ ਭੂਮਿਕਾ ਖ਼ਤਮ ਹੋ ਜਾਵੇਗੀ।

ਜ਼ਿਕਰਯੋਗ ਹੈ ਕਿ ਸਿੱਖਿਆ ਮੰਤਰੀ ਸਟੀਫਨ ਲਿਚੇ ਨੇ ਪਿਛਲੇ ਮਹੀਨੇ ਇਹ ਬਿੱਲ ਪੇਸ਼ ਕੀਤਾ ਸੀ ਤੇ ਇਹ ਗੱਲ ਜ਼ੋਰ ਦੇ ਕੇ ਆਖੀ ਸੀ ਕਿ ਉਨ੍ਹਾਂ ਦਾ ਟੀਚਾ ਪ੍ਰੋਵਿੰਸ ਦੇ ਸਿੱਖਿਆ ਸਿਸਟਮ ਨੂੰ ਆਧੁਨਿਕ ਰੂਪ ਦੇਣਾ ਹੈ। ਇਸ ਦੌਰਾਨ ਟੀਡੀਐਸਬੀ ਨੇ ਆਖਿਆ ਕਿ ਸਕੂਲ ਬੋਰਡ ਇਹ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਕਿ ਪਬਲਿਕ ਐਜੂਕੇਸ਼ਨ ਵਿੱਚ ਲੋਕਲ ਤਰਜੀਹਾਂ ਨੂੰ ਪਹਿਲ ਦਿੱਤੀ ਜਾਵੇ।

## ਜਿਨਸੀ ਸ਼ੋਸ਼ਣ ਦੇ ਮਾਮਲੇ ਵਿੱਚ ਟਰੰਪ ਪਾਏ ਗਏ ਕਸੂਰਵਾਰ



ਨਿਊ ਯੌਰਕ, 9 ਮਈ (ਪੋਸਟ ਬਿਊਰੋ) : 1996 ਵਿੱਚ ਐਡਵਾਈਸ ਦੀ ਕਾਲਮਨਿਸਟ ਈ. ਜੀਨ ਕੈਰਲ ਦਾ ਜਿਨਸੀ ਸ਼ੋਸ਼ਣ ਕਰਨ ਦੇ ਮਾਮਲੇ ਵਿੱਚ ਮੰਗਲਵਾਰ ਨੂੰ ਜਿਊਰੀ ਨੇ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੌਨਲਡ ਟਰੰਪ ਨੂੰ ਕਸੂਰਵਾਰ ਪਾਇਆ। ਇਸ ਦੇ ਨਾਲ ਹੀ ਟਰੰਪ ਨੂੰ 5 ਮਿਲੀਅਨ ਅਮਰੀਕੀ ਡਾਲਰ ਕੈਰਲ ਨੂੰ ਮੁਆਵਜ਼ੇ ਵਜੋਂ ਦੇਣ ਦੀ ਹਦਾਇਤ ਕੀਤੀ ਗਈ ਹੈ।

ਜਿਊਰੀ ਵੱਲੋਂ ਪਹਿਲੇ ਦਿਨ ਕੀਤੇ ਗਏ ਵਿਚਾਰ ਵਟਾਂਦਰੇ ਤੋਂ ਬਾਅਦ ਨਿਊ ਯੌਰਕ ਦੀ ਫੈਡਰਲ ਅਦਾਲਤ ਵੱਲੋਂ ਇਹ ਫੈਸਲਾ ਸੁਣਾਇਆ ਗਿਆ। ਜਿਊਰੀ ਵੱਲੋਂ ਕੈਰਲ ਦੇ ਇਨ੍ਹਾਂ ਦਾਅਵਿਆਂ ਨੂੰ ਨਕਾਰ ਦਿੱਤਾ ਗਿਆ ਕਿ ਉਸ ਦਾ ਰੇਪ ਕੀਤਾ ਗਿਆ ਸੀ ਪਰ ਜਿਊਰੀ ਨੇ ਪਾਇਆ ਕਿ ਟਰੰਪ ਵੱਲੋਂ ਕੈਰਲ ਦਾ ਜਿਨਸੀ ਸ਼ੋਸ਼ਣ ਜ਼ਰੂਰ ਕੀਤਾ ਗਿਆ। ਟਰੰਪ ਵੱਲੋਂ ਇਸ ਮਾਮਲੇ ਦੀ ਸੁਣਵਾਈ ਵਿੱਚ ਹਿੱਸਾ ਨਹੀਂ ਲਿਆ ਗਿਆ ਪਰ ਉਹ ਜ਼ੋਰ ਦੇ ਕੇ ਇਹ ਗੱਲ ਜ਼ਰੂਰ ਆਖਦੇ ਰਹੇ ਕਿ ਉਨ੍ਹਾਂ ਕੈਰਲ ਦਾ ਜਿਨਸੀ ਸ਼ੋਸ਼ਣ ਨਹੀਂ ਕੀਤਾ ਤੇ ਉਹ ਤਾਂ ਕੈਰਲ ਨੂੰ ਜਾਣਦੇ ਵੀ ਨਹੀਂ ।

ਇਸ ਦੌਰਾਨ 79 ਸਾਲਾਂ ਦੀ ਕੈਰਲ ਨੇ ਆਖਿਆ ਕਿ ਟਰੰਪ ਟਾਵਰ ਦੇ ਪਰਲੇ ਪਾਸੇ ਸਥਿਤ ਬਰਗਡੌਰਫ ਗੁੱਡਮੈਨ ਸਟੋਰ ਵਿੱਚ ਉਸ ਦਾ ਸਾਹਮਣਾ ਟਰੰਪ ਨਾਲ ਹੋਇਆ ਸੀ। ਲਾਂਜਰੀ ਦੇ ਇੱਕ ਪੀਸ ਨੂੰ ਲੈ ਕੇ ਦੋਵੇਂ ਹਾਸਾ ਮਜ਼ਾਕ ਕਰ ਰਹੇ ਸਨ ਕਿ ਅਚਾਨਕ ਟਰੰਪ ਹਿੰਸਕ ਹੋ ਗਏ ਤੇ ਡਰੈਸਿੰਗ ਰੂਮ ਵਿੱਚ ਉਨ੍ਹਾਂ ਕੈਰਲ ਦਾ ਰੇਪ ਕੀਤਾ।

## ਇੱਕਲੀ ਗੱਡੀ ਨੂੰ ਪੇਸ਼ ਆਏ ਹਾਦਸੇ ਵਿੱਚ ਇੱਕ ਹਲਾਕ

ਮਿਸੀਸਾਗਾ, 9 ਮਈ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਮੰਗਲਵਾਰ ਸਵੇਰੇ ਹਾਈਵੇਅ 403 ਉੱਤੇ ਇੱਕਲੀ ਗੱਡੀ ਨੂੰ ਪੇਸ਼ ਆਏ ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ। ਪ੍ਰੋਵਿੰਸ਼ੀਅਲ ਪੁਲਿਸ ਨੂੰ ਵਿੰਸਟਨ ਚਰਚਿਲ ਬੁਲੇਵਾਰਡ ਨੇੜੇ ਪੱਛਮ ਵਾਲੀਆਂ ਲੇਨਜ਼ ਉੱਤੇ ਤੜਕੇ 2:00 ਵਜੇ ਸੱਦਿਆ ਗਿਆ। ਪੁਲਿਸ ਨੇ ਮੌਕੇ ਉੱਤੇ ਪਹੁੰਚਣ ਉੱਤੇ ਪਾਇਆ ਕਿ ਇੱਕ ਗੱਡੀ ਸੜ ਰਹੀ ਸੀ। ਇੱਕ ਵਿਅਕਤੀ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਇਸ ਹਾਦਸੇ ਵਿੱਚ ਕੋਈ ਹੋਰ ਵਿਅਕਤੀ ਜ਼ਖ਼ਮੀ ਨਹੀਂ ਹੋਇਆ। ਵਿੰਸਟਨ ਚਰਚਿਲ ਦੇ ਨਾਲ ਹਾਈਵੇਅ ਨੂੰ ਥੋੜ੍ਹੀ ਦੇਰ ਲਈ ਬੰਦ ਕੀਤਾ ਗਿਆ ਸੀ ਪਰ ਬਾਅਦ ਵਿੱਚ ਇਸ ਨੂੰ ਖੋਲ੍ਹ ਦਿੱਤਾ ਗਿਆ।

## ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਬੱਚਾ ਜ਼ਖ਼ਮੀ

ਟੋਰਾਂਟੋ, 9 ਮਈ (ਪੋਸਟ ਬਿਊਰੋ) : ਮੰਗਲਵਾਰ ਦੁਪਹਿਰ ਨੂੰ ਯੌਰਕ ਮਿੱਲਜ਼ ਰੋਡ ਤੇ ਲੈਜ਼ਲੀ ਸਟਰੀਟ ਏਰੀਆ ਵਿੱਚ ਇੱਕ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਬੱਚਾ ਗੰਭੀਰ ਜ਼ਖ਼ਮੀ ਹੋ ਗਿਆ। ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਟੋਰਾਂਟੋ ਪੁਲਿਸ ਵੱਲੋਂ ਟਵੀਟ ਕਰਕੇ ਦਿੱਤੀ ਗਈ ਜਾਣਕਾਰੀ ਅਨੁਸਾਰ ਦੁਪਹਿਰ ਦੇ 3:30 ਵਜੇ ਬੱਚਾ ਸੜਕ ਪਾਰ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ ਜਦੋਂ ਇਹ ਹਾਦਸਾ ਵਾਪਰਿਆ। ਹਾਦਸੇ ਤੋਂ ਬਾਅਦ ਯੌਰਕ ਮਿੱਲਜ਼ ਤੇ ਚਿੱਪਸਟੈਡ ਰੋਡ ਦੇ ਇੰਟਰਸੈਕਸ਼ਨ ਨੂੰ ਬੰਦ ਕਰ ਦਿੱਤਾ ਗਿਆ।



INSURANCE
Home
Auto
Business
Trucking
Life Insurance
Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty
Off: 905.230.3100

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

OURR HOME & APPLIANCES
Spring INTO SAVINGS
$1499*
$200
$4599*
$3199
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axael InsuranceBrokers Ltd.
1332 Khalsa Dr, Unit # 11, Mississauga, ON L5S 0A2

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration
Family Law
Corporate
Real Estate
Business Closing
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance
Walkie pallet
Electric Motor
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਮੁਫਤ ਪਿਕਅਪ ਅਤੇ ਡਰਾਪ ਆਫ਼
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਫੀ. ਇੰਸਟ੍ਰਕਟਰ
647-998-7500
ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਹਡਸਨ ਬੇਅ ਕਰੇਗੀ 250 ਮੁਲਾਜ਼ਮਾਂ ਦੀ ਛਾਂਗੀ




ਓਨਟਾਰੀਓ, 9 ਮਈ (ਪੋਸਟ ਬਿਊਰੋ) : ਹਡਸਨ ਬੇਅ ਵੱਲੋਂ 250 ਵਰਕਰਜ਼ ਦੀ ਛਾਂਗੀ ਕੀਤੀ ਜਾ ਰਹੀ ਹੈ। ਸਾਲ ਵਿੱਚ ਇਸ ਤਰ੍ਹਾਂ ਦੀ ਛਾਂਗੀ ਦੂਜੀ ਵਾਰੀ ਕੀਤੀ ਜਾ ਰਹੀ ਹੈ।

ਹਡਸਨ ਬੇਅ ਕਾਰਪੋਰੇਸ਼ਨ ਦੀ ਕੈਨੇਡੀਅਨ ਬ੍ਰਾਂਚ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਹ ਛਾਂਗੀਆਂ ਕਾਰਪੋਰੇਟ ਵਰਕਰਜ਼ ਦੀਆਂ ਹੋਣਗੀਆਂ। ਇਸ ਨਾਲ ਇਸ ਸਾਲ ਨੌਕਰੀ ਤੋਂ ਕੱਢੇ ਜਾਣ ਵਾਲੇ ਮੁਲਾਜ਼ਮਾਂ ਦੀ ਕੁੱਲ ਗਿਣਤੀ 500 ਤੱਕ ਅੱਪੜ ਜਾਵੇਗੀ।ਹਡਸਨ ਬੇਅ ਦੇ ਕੈਨੇਡਾ ਭਰ ਵਿੱਚ ਸਥਿਤ 84 ਡਿਪਾਰਟਮੈਂਟ ਸਟੋਰਜ਼ ਦੇ ਕਿਸੇ ਵੀ ਰੀਟੇਲ ਵਰਕਰ ਦੀ ਨੌਕਰੀ ਨੂੰ ਕੋਈ ਖਤਰਾ ਨਹੀਂ ਹੈ। ਹਡਸਨ ਬੇਅ ਦੀ ਤਰਜ਼ਮਾਨ ਟਿਫਨੀ ਬੁਰੇ ਨੇ ਆਖਿਆ ਕਿ ਕੰਪਨੀ ਸਾਰੇ ਕੰਮਕਾਜ ਨੂੰ ਲੀਹ ਉੱਤੇ ਲਿਆਉਣ ਲਈ ਇਹ ਕਦਮ ਚੁੱਕ ਰਹੀ ਹੈ। ਉਨ੍ਹਾਂ ਆਖਿਆ ਕਿ ਰੀਟੇਲ ਇੰਡਸਟਰੀ ਵਿੱਚ ਆਰਥਿਕ ਪ੍ਰੈਸ਼ਰ ਉਮੀਦ ਨਾਲੋਂ ਜ਼ਿਆਦਾ ਹੋਣ ਕਾਰਨ ਦੂਜੇ ਗੇੜ ਵਿੱਚ ਮੁਲਾਜ਼ਮਾਂ ਦੀ ਛਾਂਗੀ ਦਾ ਫੈਸਲਾ ਮਜਬੂਰਨ ਕਰਨਾ ਪਿਆ ਹੈ।

## ਅੱਜ ਨਾਮਾ

ਧੜਕਣ ਲੀਡਰਾਂ ਦੀ ਵਧ ਗਈ ਹੋਊ ਚੋਖੀ,
ਜਿਹੜੇ ਜਿਹੜੇ ਹਨ ਚੋਣ ਵਿੱਚ ਖੜੇ ਬੇਲੀ।
ਮਹੀਨਾ ਲੱਗਾ ਪਿਆ ਚੋਣ ਦੀ ਕਥਾ ਕਰਦੇ,
ਸਿਖਰਲਾ ਤਾਣ ਲਾ ਕੇ ਉਹ ਨੇ ਲੜੇ ਬੇਲੀ।
ਜਾਵਣਾ ਪਿਆ ਸੀ ਉਨ੍ਹਾਂ ਵੀ ਘਰਾਂ ਤੀਕਰ,
ਕਦੇ ਕਲੋਨੀ ਵੀ ਜਿਹੜੀ ਨਹੀਂ ਵੜੇ ਬੇਲੀ।
ਮਿਲ ਗਿਆ ਫਤਵਾ ਤੇ ਹੋਣੀਆਂ ਪੌਂ ਬਾਰਾਂ,
ਵਰਨਾ ਰਹਿਣੇ ਆਘਰਾਂ ਵਿੱਚ ਤੜੇ ਬੇਲੀ।
ਜਦ ਤੱਕ ਤੇਰਾਂ ਦੀ ਨਹੀਂ ਤਾਰੀਕ ਆਉਂਦੀ,
ਹਾਰਨ-ਜਿੱਤਣ ਦੀ ਆਈ ਨਾ ਖਬਰ ਬੇਲੀ।
ਗਿਣਤੀਆਂ ਕਰਨਗੇ ਸੁਫਨਿਆਂ ਵਿੱਚ ਸਾਰੇ,
ਲੱਗਾ ਆਉਣ ਨਹੀਂ ਦਿਲਾਂ ਨੂੰ ਸਬਰ ਬੇਲੀ।

**ਤੀਸ ਮਾਰ ਖਾਂ**

# ਮੁੱਖ ਮੰਤਰੀ ਵੱਲੋਂ ਮਨੀਪੁਰ 'ਚ ਫਸੇ ਪੰਜਾਬੀਆਂ ਨੂੰ ਸੁਰੱਖਿਅਤ ਕੱਢਣ ਲਈ ਹੈਲਪਲਾਈਨ ਨੰਬਰ ਜਾਰੀ

### ਉੱਤਰ ਪੂਰਬੀ ਸੂਬੇ ਵਿੱਚ ਰਹਿ ਰਹੇ ਲੋਕ ਜਾਂ ਉਨ੍ਹਾਂ ਦੇ ਪਰਿਵਾਰ ਸਹਾਇਤਾ ਲਈ 9417936222 ਜਾਰੀ



ਚੰਡੀਗੜ੍ਹ, 9 ਮਈ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਸੂਬੇ ਦੇ ਇੱਕ ਨੌਜਵਾਨ ਨੂੰ ਦੇਸ਼ ਦੇ ਉੱਤਰ ਪੂਰਬੀ ਹਿੱਸੇ ਵਿੱਚ ਹਿੰਸਾ ਦੀ ਲਪੇਟ ਵਿਚ ਆਏ ਸੂਬੇ ਮਨੀਪੁਰ ਤੋਂ ਸੁਰੱਖਿਅਤ ਕੱਢਿਆ ਗਿਆ।

ਇਸ ਬਾਰੇ ਮੁੱਖ ਮੰਤਰੀ ਨੇ ਉੱਤਰ ਪੂਰਬੀ ਸੂਬੇ ਵਿੱਚ ਫਸੇ ਪੰਜਾਬੀਆਂ ਨੂੰ ਬਾਹਰ ਕੱਢਣ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਕਿਹਾ ਕਿ ਸੂਬਾ ਸਰਕਾਰ ਇਸ ਨੇਕ ਕਾਰਜ ਲਈ ਪੂਰੀ ਵਾਹ ਲਾ ਰਹੀ ਹੈ। ਪੰਜਾਬ ਸਰਕਾਰ ਦੇ ਯਤਨਾਂ ਸਦਕਾ ਸੂਬੇ ਦੇ ਨੌਜਵਾਨ ਰਾਹੁਲ ਕੁਮਾਰ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਅਤੇ ਉਹ ਛੇਤੀ ਹੀ ਘਰ ਵਾਪਸ ਪਹੁੰਚ ਜਾਵੇਗਾ। ਉਨ੍ਹਾਂ ਕਿਹਾ ਕਿ ਕੋਈ ਵੀ ਵਿਦਿਆਰਥੀ ਜਾਂ ਹੋਰ ਵਿਅਕਤੀ ਜੋ ਮਨੀਪੁਰ ਵਿੱਚ ਫਸਿਆ ਹੋਇਆ ਹੈ ਜਾਂ ਉਨ੍ਹਾਂ ਦੇ ਪਰਿਵਾਰਕ ਮੈਂਬਰ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਲਈ ਪੰਜਾਬ ਸਰਕਾਰ ਦੇ ਹੈਲਪਲਾਈਨ ਨੰਬਰ 9417936222 ਜਾਂ ਈਮੇਲ ਆਈਡੀ sahotraman-jeet@gmail.com 'ਤੇ ਸੰਪਰਕ ਕਰ ਸਕਦੇ ਹਨ। ਮਨੀਪੁਰ ਵਿੱਚ ਫਸੇ ਨੌਜਵਾਨਾਂ/ਵਿਦਿਆਰਥੀਆਂ ਦੇ ਚਿੰਤਤ ਪਰਿਵਾਰਾਂ ਨਾਲ ਇੱਕਮੁੱਠਤਾ ਦਾ ਪ੍ਰਗਟਾਵਾ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਸ ਔਖੀ ਘੜੀ ਵਿੱਚ ਇਨ੍ਹਾਂ ਪਰਿਵਾਰਾਂ ਦੇ ਨਾਲ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦਾ ਫਰਜ਼ ਬਣਦਾ ਹੈ ਕਿ ਉਹ ਇਸ ਨਾਜ਼ੁਕ ਘੜੀ ਵਿੱਚ ਇਨ੍ਹਾਂ ਪਰਿਵਾਰਾਂ ਨੂੰ ਪੂਰਾ ਸਹਿਯੋਗ ਕਰੇ। ਉਨ੍ਹਾਂ ਨੇ ਭਾਰਤ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਮਨੀਪੁਰ ਵਿੱਚ ਫਸੇ ਪੰਜਾਬੀਆਂ ਨੂੰ ਸੁਰੱਖਿਅਤ ਕੱਢੇ ਜਾਣ ਨੂੰ ਯਕੀਨੀ ਬਣਾਉਣ ਲਈ ਕੇਂਦਰ ਦੇ ਦਖਲ ਦੀ ਲੋੜ ਹੈ। ਭਗਵੰਤ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਭਾਰਤ ਸਰਕਾਰ ਮਨੀਪੁਰ ਹਿੰਸਾ ਵਿੱਚ ਫਸੇ ਸਾਰੇ ਲੋਕਾਂ ਲਈ ਮਦਦ ਦਾ ਹੱਥ ਵਧਾਉਣ ਵਾਸਤੇ ਲੋੜੀਂਦੇ ਕਦਮ ਚੁੱਕੇਗੀ।

# ਪ੍ਰਸ਼ਾਸਨਿਕ ਸੇਵਾਵਾਂ ਵਿਚ ਸਿੱਖ ਨੌਜਵਾਨਾਂ ਦੀ ਸ਼ਮੂਲੀਅਤ ਲਈ ਸ਼੍ਰੋਮਣੀ ਕਮੇਟੀ ਵਲੋਂ ਵਿਸ਼ੇਸ਼ ਉਪਰਾਲਾ

### 'ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ' ਦੇ ਪਹਿਲੇ ਬੈਚ ਵਾਸਤੇ 11 ਵਿਦਿਆਰਥੀਆਂ ਦੀ ਚੋਣ

ਅੰਮ੍ਰਿਤਸਰ, 9 ਮਈ (ਪੋਸਟ ਬਿਊਰੋ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਸਿੱਖ ਨੌਜਵਾਨਾਂ ਨੂੰ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਲਈ ਖੋਲ੍ਹੇ ਗਏ 'ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ' ਦੇ ਪਹਿਲੇ ਬੈਚ ਵਾਸਤੇ 11 ਵਿਦਿਆਰਥੀਆਂ ਦੀ ਚੋਣ ਕੀਤੀ ਗਈ ਹੈ। ਇਸ ਅਕੈਡਮੀ ਵਿਚ ਚੁਣੇ ਗਏ ਵਿਦਿਆਰਥੀਆਂ ਦੀਆਂ ਫੀਸਾਂ, ਰਿਹਾਇਸ਼ ਅਤੇ ਖਾਣੇ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਵੱਲੋਂ ਕੀਤਾ ਜਾਵੇਗਾ।

ਬੀਤੇ ਦਿਨਾਂ ਅੰਦਰ ਸ਼੍ਰੋਮਣੀ ਕਮੇਟੀ ਵੱਲੋਂ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਇਹ ਅਕੈਡਮੀ ਸਥਾਪਤ ਕਰਨ ਦਾ ਫੈਸਲਾ ਕੀਤਾ ਗਿਆ ਸੀ, ਜਿਸ ਤਹਿਤ ਹਰ ਸਾਲ 25 ਗੁਰਸਿੱਖ ਵਿਦਿਆਰਥੀਆਂ ਨੂੰ ਆਈਏਐਸ, ਆਈਪੀਐਸ, ਆਈਐਫਐਸ ਅਤੇ ਪੀਪੀਐਸਸੀ ਆਦਿ ਦੀਆਂ ਮੁਕਾਬਲਾ ਪ੍ਰੀਖਿਆਵਾਂ ਵਾਸਤੇ ਤਿਆਰੀ ਕਰਵਾਈ ਜਾਵੇਗੀ। ਅੱਜ ਚੰਡੀਗੜ੍ਹ ਸਥਿਤ ਸ਼੍ਰੋਮਣੀ ਕਮੇਟੀ ਦੇ ਉੱਪ ਦਫ਼ਤਰ ਵਿਖੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪਹਿਲੇ ਬੈਚ ਲਈ ਚੁਣੇ 11 ਵਿਦਿਆਰਥੀਆਂ ਨੂੰ ਦਾਖਲਾ ਪੱਤਰ ਸੌਂਪੇ ਗਏ।

ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਦੀ ਨੌਜੁਆਨੀ ਦਾ ਵਿਦੇਸ਼ਾਂ 'ਚ ਜਾ ਕੇ ਪੜ੍ਹਨ ਦਾ ਰੁਝਾਨ ਬੇਹੱਦ ਚਿੰਤਾਜਨਕ ਹੈ, ਜਿਸ ਨਾਲ ਪੰਜਾਬ ਦੇ ਪ੍ਰਸ਼ਾਸਨਿਕ ਹਲਕਿਆਂ ਵਿਚ ਸਿੱਖ ਨੌਜੁਆਨਾਂ ਦਾ ਖਲਾਅ ਪੈਦਾ ਹੋ ਰਿਹਾ ਹੈ। ਇਹ ਸਭ ਲਈ ਸੋਚਣ ਦਾ ਵਿਸ਼ਾ ਹੈ, ਕਿਉਂਕਿ ਜੇਕਰ ਉੱਚ ਅਹੁਦਿਆਂ 'ਤੇ ਆਪਣੇ ਬੱਚੇ ਨਾ ਰਹੇ ਤਾਂ ਸੱਭਿਆਚਾਰਕ ਅਤੇ ਖਿੱਤੇ ਦੀ ਵਿਰਾਸਤ ਦੀ ਤਰਜ਼ਮਾਨੀ ਸਹੀ ਨਹੀਂ ਹੋ ਸਕੇਗੀ। ਇਸੇ ਨੂੰ ਲੈ ਕੇ ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਸ਼ਾਸਨਿਕ ਸੇਵਾਵਾਂ ਦੀ ਤਿਆਰੀ ਵਾਸਤੇ ਅਕੈਡਮੀ ਖੋਲ੍ਹੀ ਗਈ ਹੈ, ਜਿਸ ਵਿਚ ਹਰ ਸਾਲ 25 ਗੁਰਸਿੱਖ ਨੌਜੁਆਨਾਂ ਨੂੰ ਤਿਆਰੀ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਪਹਿਲੇ ਬੈਚ ਲਈ 11 ਵਿਦਿਆਰਥੀਆਂ ਦੀ ਚੋਣ ਕਰ ਲਈ ਗਈ ਹੈ ਅਤੇ ਬਾਕੀ ਰਹਿੰਦੇ 14 ਵਾਸਤੇ ਮੁੜ ਪ੍ਰਕਿਰਿਆ ਆਰੰਭੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਪਾਸ 350 ਵਿਦਿਆਰਥੀਆਂ ਦੀਆਂ ਅਰਜੀਆਂ ਆਈਆਂ ਸਨ, ਜਿਨ੍ਹਾਂ ਨੂੰ ਵੱਖ-ਵੱਖ ਪੜਾਵਾਂ 'ਚੋਂ ਜਾਂਚਣ ਪਰਖਣ ਬਾਅਦ 11 ਵਿਦਿਆਰਥੀ ਚੁਣੇ ਗਏ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਚੋਣ ਬਿਲਕੁਲ ਪਾਰਦਰਸ਼ੀ ਢੰਗ ਨਾਲ ਮੈਰਿਟ ਦੇ ਅਧਾਰ 'ਤੇ ਕੀਤੀ ਗਈ ਹੈ।

ਚੁਣੇ ਗਏ ਬੱਚਿਆਂ ਇਕ ਲੜਕੀ ਭੋਪਾਲ ਅਤੇ ਦੋ ਲੜਕੀਆਂ ਜੰਮੂ ਕਸ਼ਮੀਰ ਤੋਂ ਹਨ, ਜਦਕਿ ਬਾਕੀ ਪੰਜਾਬ ਨਾਲ ਸਬੰਧਤ ਹਨ। ਉਨ੍ਹਾਂ ਦੱਸਿਆ ਕਿ ਫਿਲਹਾਲ ਸ਼੍ਰੋਮਣੀ ਕਮੇਟੀ ਦੀ ਅਕੈਡਮੀ ਵੱਲੋਂ ਚੰਡੀਗੜ੍ਹ ਦੇ ਇਕ ਅਹਿਮ ਕੋਚਿੰਗ ਸੈਂਟਰ ਨਾਲ ਸਮਝੌਤਾ ਸਹੀਬੱਧ ਕੀਤਾ ਗਿਆ ਹੈ, ਜਿਥੇ ਬੱਚਿਆਂ ਨੂੰ ਕੋਚਿੰਗ ਦਿੱਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਵਿੱਚੋਂ ਜਿਹੜੇ ਵਿਦਿਆਰਥੀ ਅੱਗੇ ਪੜ੍ਹਨਾ ਚਾਹੁਣਗੇ ਉਸ ਦਾ ਪ੍ਰਬੰਧ ਵੀ ਸ਼੍ਰੋਮਣੀ ਕਮੇਟੀ ਕਰੇਗੀ। ਐਡਵੋਕੇਟ ਧਾਮੀ ਨੇ ਇਸ ਕਾਰਜ ਲਈ ਸਹਿਯੋਗ ਕਰਨ ਵਾਲੀਆਂ ਸੰਸਥਾਵਾਂ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਕਾਰਜ ਨੂੰ ਹੋਰ ਵਿਸਥਾਰ ਦੇਣਾ ਚਾਹੁੰਦੀ ਹੈ ਅਤੇ ਖੁਸ਼ੀ ਦੀ ਗੱਲ ਹੈ ਕਿ ਬਹੁਤ ਸਾਰੀਆਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਅਤੇ ਸੰਸਥਾਵਾਂ ਸਹਿਯੋਗ ਲਈ ਅੱਗੇ ਆ ਰਹੀਆਂ ਹਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਐ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

BRAMPTON

# 2022 CITIZENS AWARDS WINNERS

## SPORTS ACHIEVEMENT - INDIVIDUAL

**Track and Field:**
Cailin Ali
Miyah Nero-Boswell
Christopher Brooks
Taymar Dunkley
Tyler Dunkley
Tyson Dunkley
Ehinomen Eghobor
Stephen Hall
Alexia Jones
Adam Khan
Justin Knight
Xaiver Maitland
Tooni Ogunyeye
Peace Omonzane
Aiden Phillips
Anthony Phinn
Saurang Puthenkulangara
Kavidu Henda Thanthri
Kalea Webb
Kiara Webb
Kenneth West
Samantha Williams

**Swimming:**
Matthew Cabraja
Abbey Clarke
Mahdi El-Sayed
Cale Spurrell

**Skating:**
Sean Pang
Aabha Vedi

**Jiu Jitsu:**
Conner Afable

**Para Table Tennis:**
Mohsin Ali Watto

**Badminton:**
Shaurya Gullaiya

## SPORTS ACHIEVEMENT - TEAM/GROUP

**Track and Field:**

**BRT - Senior Boys 4x200m Relay**
Cailan Ali, Timi Faleye
DeShawn Henry, Anthony Phinn

**BRT-Tyke Boys 4X200m Relay**
Tyler Dunkley, Aiden Phillips
Nathan Francis, Xavier Maitland

**BRT - Mite Boys 4x200m Relay**
Zecariah Dowdy
Aiden Phillips
Adam Khan
Kavidu Gimhana Henda-Thanthri

**BRT - Mite Boys 4x100m Relay**
Nathan Francis, Xavier Maitland
Chauncey Martin, Noah Walker-Pompey

**BRT - Atom Boys 4x100m Relay**
Cailin Ali, Taymar Dunkley
Tyler Dunkley, Quinton Spence

**BRT - Senior Boys 4x100m Relay**
Darnell Green, Stephen Hall
Justin Knight, Anthony Phinn

**Skating:**

**Gold Ice Juvenile**
Alexis Amato
Avery Amato
Isabelle Cheung-Seekit
Michaela Deflece
Mariah Fernandes
Victoria Ferreira
Trinity Fridy
Sara Gandhi
Rebekah Hoekman
Katie Moore
Brianna Noga
Grace Onyschuk
Gloria Su
Alexandra Bagnali
Trofymowych
Sarah Vretenar
Eden Wilkinson
Maeching Wilson
Agumjot Bedi

**Gold Ice Novice**
Isabella Aspinwall
Alice Buzynska
Amy Dai
Trinity Fridy
Asma Haniff
Lilit Kirakosyan
Julia Lai
Venezia Lai
Ella MacPhee
Katie Moore
Brianna Noga
Ella Robertson
Megan Saarimaki
Ishani Sama
Ayana Sharma
Isabella Tomovski
Sarah Vretnar
Eden Wilkinson
Lara Zaski

**Gold Ice Junior**
Lily Bauman
Mia Bek
Mia Blanchet
Zuri Conliffe-Layne
Lauren Gyorody
Asma Haniff
Kaitlin Harnum
Alyssa Lopresti
Marie-Ève Ouellet
Raia Parekh
Jenna Payne
Sloan Stark
Kate Trim
Melissa van Loenen
Sophie Vanslyke
Aabha Vedi
Emma Wang
Breanna Wang
Paige Westerman
Kasia Zaski

**Swimming:**

**COBRA Relay Team A Male (15 & Under) - 200 Free Relay / COBRA Relay Team A Male (15 & Under) -200 Medley Relay**
Jaiveer Singh, Cale Spurrell
Nathan Vigneault, Jayden Vande Vooren

## INSPIRATIONAL

Miranda Baksh
Manvir Bhangu
Daniela Adu-Boateng
Sheffanessea Brown
Bill Godfrey
Sandeep Goel
Gunpreet Heir
Ghulam Murtaza Jowia
Muriel Matta
Sariah Morgan
Maryam Muritala
Mian Nadeem
Robert Rutledge
Shreya Shah
Kimberlee Shelley
Mohammad Shoaib

## ARTS ACCLAIM

**Literature:** Pardis Aliakbarkhani
**Radio:** Joginder Bassi
**Visual Arts:** Abiola (Biola) Idowu
**Arts/Culture/Film/TV:** Jesse Jones
**Visual Arts:** Russna Kaur
**Music:** Ameerah Khan
**Fashion/Arts/Culture/Film/TV:** Dontae Nathan
**Performance Arts:** Jacy Peck
**Fashion:** Brampton Fashion Week

## LONG TERM SERVICE

**15 Years of Service**
Santokh Sam Singh Basra
Jaspal Gahunia
Muhammad Hussain
Irene Lockrey

**25 Years of Service**
Gregory Allen
Alnasir Bhanji
Rick Depriest
Ron Evans
Hyacinth Lindo

**35+ Years of Service**
Jerry DeRochie CD
Denis McKeegan
Mary Ellen McKeegan
Irma Orzeck
Karen Shorter
Sonya Shorter
Carole Spraggett

## KEN GILES AMATEUR ATHLETE OF THE YEAR

**Badminton:** Shaurya Gullaiya

## CITIZEN OF THE YEAR

**Adult:** Jessi Sandhu **Youth:** Charlton Sinclair **Senior:** Bikram Dhillon

www.brampton.ca/citizensawards

---

RSFO ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ RSFO

# ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ

(10ਵਾਂ ਅੰਤਰਰਾਸ਼ਟਰੀ ਐਵਾਰਡ ਸਮਾਗਮ 2023)

21 ਮਈ 2023, ਦਿਨ ਐਤਵਾਰ; ਸਮਾਂ 9:30 ਸਵੇਰ

ਸਥਾਨ- ਵੈਰਡੀ ਕਨਵੈਨਸ਼ਨ ਸੈਂਟਰ, 3550 ਡੇਰੀ ਰੋਡ (ਈਸਟ) ਮਿਸੀਸਾਗਾ






ਸੀਟ ਰਾਖਵੀ ਕਰਨ ਲਈ ਸੰਪਰਕ ਕਰੋ-
ਦਲਜੀਤ ਸਿੰਘ ਗੈਦੂ (416-305-9878), ਮਨਜੀਤ ਸਿੰਘ ਭੱਚੂ (416-275-2374)
ਅਤੇ ਹਰਦਿਆਲ ਸਿੰਘ ਝੀਤਾ (647-409-8915)

ਰਾਮਗੜ੍ਹੀਆ ਸਿੱਖ ਫਾਉਂਡੇਸ਼ਨ ਆਫ ਆਨਟਾਰੀਓ- 7956 ਟੋਰਬਰਮ ਰੋਡ ਯੂਨਿਟ ਨੰ. 40 (ਬੀ), ਬਰੈਂਪਟਨ (ਕੈਨੇਡਾ)




THANKS TO ALL TV, RADIO, AND PRINT MEDIA.

# ਇਮਾਰਤਾਂ ਵਿੱਚ ਊਰਜਾ ਦੀ ਬੱਚਤ ਲਈ ਪੇਡਾ ਵੱਲੋਂ ਸੂਚੀਬੱਧ ਕੀਤੇ ਜਾਣਗੇ ਈ.ਸੀ.ਬੀ.ਸੀ. ਡਿਜ਼ਾਇਨ ਪੇਸ਼ੇਵਰ

* ਬਿਲਡਿੰਗ ਪਲਾਨ ਦੀ ਮਨਜ਼ੂਰੀ ਲਈ ਐਨਰਜੀ ਕੰਜ਼ਰਵੇਸ਼ਨ ਬਿਲਡਿੰਗ ਕੋਡ ਲਾਜ਼ਮੀ : ਅਮਨ ਅਰੋੜਾ

* ਅਰਜ਼ੀਆਂ ਜਮ੍ਹਾਂ ਕਰਾਉਣ ਦੀ ਆਖਰੀ ਮਿਤੀ 25 ਮਈ

ਚੰਡੀਗੜ੍ਹ, 9 ਮਈ (ਪੋਸਟ ਬਿਊਰੋ): ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਦੱਸਿਆ ਕਿ ਇਮਾਰਤਾਂ ਜਾਂ ਬਿਲਡਿੰਗ ਕੰਪਲੈਕਸਾਂ ਨੂੰ ਊਰਜਾ ਕੁਸ਼ਲ ਬਣਾਉਣ ਲਈ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ (ਪੇਡਾ) ਵੱਲੋਂ ਐਨਰਜੀ ਕੰਜ਼ਰਵੇਸ਼ਨ ਬਿਲਡਿੰਗ ਕੋਡ (ਈ.ਸੀ.ਬੀ.ਸੀ.) ਮਾਹਿਰ/ਪੇਸ਼ੇਵਰ ਸੂਚੀਬੱਧ (ਇੰਪੈਨਲ) ਕੀਤੇ ਜਾਣਗੇ, ਜੋ ਇਮਾਰਤਾਂ ਵਿੱਚ ਊਰਜਾ ਦੀ ਵੱਧ ਤੋਂ ਵੱਧ ਬੱਚਤ ਨੂੰ ਯਕੀਨੀ ਬਣਾਉਣਗੇ।

ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ 100 ਕਿਲੋਵਾਟ ਜਾਂ ਇਸ ਤੋਂ ਵੱਧ ਦੇ ਕੁਨੈਕਟਿਡ ਲੋਡ ਜਾਂ 120 ਕਿਲੋਵਾਟ-ਐਂਪੀਅਰ ਜਾਂ ਇਸ ਤੋਂ ਵੱਧ ਦੀ ਕੰਟਰੈਕਟ ਡਿਮਾਂਡ ਜਾਂ 500 ਵਰਗ ਮੀਟਰ ਜਾਂ ਇਸ ਤੋਂ ਵੱਧ ਕੰਡੀਸ਼ਨਡ ਏਰੀਏ ਵਾਲੀਆਂ ਨਵੀਆਂ ਵਪਾਰਕ ਇਮਾਰਤਾਂ ਦੀ ਉਸਾਰੀ ਲਈ ਐਨਰਜੀ ਕੰਜ਼ਰਵੇਸ਼ਨ ਬਿਲਡਿੰਗ ਕੋਡ ਨੋਟੀਫਾਈ ਕੀਤਾ ਗਿਆ ਹੈ। ਇਹ ਕੋਡ ਸਥਾਨਕ ਸਰਕਾਰਾਂ ਅਤੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਦੇ ਬਿਲਡਿੰਗ ਉਪ-ਨਿਯਮਾਂ ਵਿੱਚ ਵੀ ਸ਼ਾਮਲ ਕੀਤਾ ਗਿਆ ਹੈ, ਜੋ ਬਿਲਡਿੰਗ ਯੋਜਨਾਵਾਂ ਦੀ ਪ੍ਰਵਾਨਗੀ ਲਈ ਇਸਦੀ ਪਾਲਣਾ ਨੂੰ ਲਾਜ਼ਮੀ ਬਣਾਉਂਦਾ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੇਡਾ ਨੇ ਈ.ਸੀ.ਬੀ.ਸੀ. ਡਿਜ਼ਾਈਨ ਪੇਸ਼ੇਵਰਾਂ ਨੂੰ ਸੂਚੀਬੱਧ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਇਹ ਪੇਸ਼ੇਵਰ ਸੂਬਾ ਪੱਧਰ 'ਤੇ ਈ.ਸੀ.ਬੀ.ਸੀ. ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਆਰਕੀਟੈਕਟਾਂ/ਮਾਲਕਾਂ ਦੀ ਸਹਾਇਤਾ ਕਰਨਗੇ। ਇੰਪੈਨਲਮੈਂਟ ਵਾਸਤੇ ਅਰਜ਼ੀਆਂ ਜਮ੍ਹਾਂ ਕਰਾਉਣ ਦੀ ਆਖਰੀ ਮਿਤੀ 25 ਮਈ, 2023 ਦੁਪਹਿਰ 3 ਵਜੇ ਤੱਕ ਹੈ ਅਤੇ ਅਰਜ਼ੀ ਨਾਲ ਲੋੜੀਂਦੀ ਇੰਪੈਨਲਮੈਂਟ ਫੀਸ ਅਤੇ ਦਸਤਾਵੇਜ਼ਾਂ ਜਮ੍ਹਾਂ ਕਰਾਉਣੇ ਹੋਣਗੇ।

ਉਨ੍ਹਾਂ ਕਿਹਾ ਕਿ ਸੂਬੇ ਵਿੱਚ ਈ.ਸੀ.ਬੀ.ਸੀ. ਦੇ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ, ਈ.ਸੀ.ਬੀ.ਸੀ. ਡਿਜ਼ਾਈਨ ਪੇਸ਼ੇਵਰ ਇਮਾਰਤ ਦੇ ਨਿਰਮ-ਾਣ ਸਮੇਂ ਮਾਲਕ/ਬਿਨੈਕਾਰ ਨੂੰ ਈ.ਸੀ.ਬੀ.ਸੀ. ਦੀ ਪਾਲਣਾ ਸਬੰਧੀ ਸਹੂਲਤ ਪ੍ਰਦਾਨ ਕਰਨਗੇ। ਉਹ ਵੱਖ-ਵੱਖ ਈ.ਸੀ.ਬੀ.ਸੀ ਅਨੁਕੂਲ ਵਪਾਰਕ ਇਮਾਰਤਾਂ ਨੂੰ ਤਕਨੀਕੀ ਸਹਾਇਤਾ ਪ੍ਰਦਾਨ ਕਰਨ ਤੋਂ ਇਲਾਵਾ ਨਵੀਨਤਮ ਊਰਜਾ ਸੰਭਾਲ ਬਿਲਡਿੰਗ ਕੋਡ ਅਤੇ ਪੰਜਾਬ ਸਰਕਾਰ ਦੁਆਰਾ ਸਮੇਂ-ਸਮੇਂ 'ਤੇ ਜਾਰੀ ਈ.ਸੀ.ਬੀ.ਸੀ. ਨਿਯਮਾਂ/ਨੋਟੀਫਿਕੇਸ਼ਨਾਂ ਦੇ ਅਨੁਸਾਰ ਘੱਟੋ-ਘੱਟ ਊਰਜਾ ਕੁਸ਼ਲਤਾ ਪੱਧਰਾਂ ਦੀ ਜਾਂਚ ਕਰਨਗੇ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਈ.ਸੀ.ਬੀ.ਸੀ, ਇਮਾਰਤਾਂ/ਬਿਲਡਿੰਗ ਕੰਪਲੈਕਸਾਂ ਜਿਵੇਂ ਕਿ ਦਫਤਰ, ਹੋਟਲ, ਹਸਪਤਾਲ, ਸ਼ਾਪਿੰਗ ਕੰਪਲੈਕਸ, ਗਰੁੱਪ ਹਾਊਸਿੰਗ ਕੰਪਲੈਕਸ ਅਤੇ ਹੋਰਨਾਂ ਇਮਾਰਤਾਂ, ਜਿਨ੍ਹਾਂ ਦੀ ਵਰਤੋਂ ਮੁੱਖ ਤੌਰ 'ਤੇ ਉਦਯੋਗਿਕ ਅਰਥਾਤ ਨਿਰਮਾਣ ਦੇ ਉਦੇਸ਼ ਲਈ ਨਹੀਂ ਕੀਤੀ ਜਾਂਦੀ, 'ਤੇ ਲਾਗੂ ਹੁੰਦਾ ਹੈ।

ਉਨ੍ਹਾਂ ਦੱਸਿਆ ਕਿ ਪੇਡਾ ਦਫ਼ਤਰ ਵਿੱਚ ਬਿਲਡਿੰਗ ਸੈੱਲ ਵੀ ਸਥਾਪਿਤ ਕੀਤਾ ਗਿਆ ਹੈ ਜਿਸ ਵਿੱਚ ਦੋ ਇੰਜੀਨੀਅਰ ਅਤੇ ਇੱਕ ਆਰਕੀਟੈਕਟ ਸ਼ਾਮਲ ਹੈ। ਇਹ ਸੈੱਲ ਲੋੜੀਂਦੇ ਦਸਤਾਵੇਜ਼ ਤਿਆਰ ਕਰਨ, ਸੂਬੇ ਵਿੱਚ ਪੰਜਾਬ ਈ.ਸੀ.ਬੀ.ਸੀ. ਨੂੰ ਸਹੀ ਢੰਗ ਨਾਲ ਲਾਗੂ ਕਰਨ ਲਈ ਸਾਰੇ ਹਿੱਸੇਦਾਰਾਂ ਦੀ ਮਦਦ ਕਰ ਰਿਹਾ ਹੈ। ਬਿਲਡਿੰਗ ਸੈੱਲ ਨੇ ਵਿਭਾਗਾਂ/ਸੰਸਥਾਵਾਂ ਨਾਲ ਵਿਚਾਰ-ਵਟਾਂਦਰਾ ਕਰਨ ਦੇ ਨਾਲ ਨਾਲ 650 ਤੋਂ ਵੱਧ ਆਰਕੀਟੈਕਟਾਂ ਅਤੇ ਇੰਜੀਨੀਅਰਾਂ ਨੂੰ ਸਿਖਲਾਈ ਦਿੱਤੀ ਹੈ।

ਪੰਜਾਬ ਈ.ਸੀ.ਬੀ.ਸੀ. ਸਬੰਧੀ ਹਿੱਸੇਦਾਰਾਂ ਦੇ ਸਮਰੱਥਾ ਨਿਰਮਾਣ ਲਈ ਨਗਰ ਨਿਗਮਾਂ ਅਤੇ ਹੋਰ ਯੂ.ਐਲ.ਬੀਜ਼ ਵਿਖੇ 85 ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤੇ ਗਏ ਹਨ, ਜਿਸ ਵਿੱਚ 8800 ਤੋਂ ਵੱਧ ਪੇਸ਼ੇਵਰਾਂ ਨੂੰ ਸਿਖਲਾਈ ਦਿੱਤੀ ਗਈ ਹੈ।

Tri-City Professional Realty Inc., Brokerage.
The Future of Real Estate
www.TriCityPro.com
Number 1. Tri-City agent in Canada on basis of sales volume 2021
ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
NEED MORE LISTINGS
Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection
Tel: 905.793.5777
Avtar Singh Tiwana
Sales Representative
416.802.5866
31 Melanie Dr. Unit #4 Brampton, ON L6T 5H8












## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

NEED A LAWYER ??
KAUR LAW OFFICE
Red Seal NOTARY



REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202



Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਚਾਹਲ ਜੱਟ ਸਿੱਖ ਲੜਕਾ, ਉਮਰ 31 ਸਾਲ, ਕੱਦ 5 ਫੁੱਟ 9 ਇੰਚ, ਗ੍ਰੈਜੂਏਟ, ਸ਼ਰਾਬ ਨਹੀਂ ਪੀਂਦਾ, ਕੈਨੇਡਾ ਵਿਚ ਵਿਜ਼ਟਿਰ ਵੀਜ਼ਾ ਉਤੇ ਆਇਆ ਹੋਇਆ, ਓਂਟਾਰੀਓ ਵਿਚ ਰਹਿ ਰਿਹਾ, ਭੈਣ ਕੈਨੇਡਾ ਦੀ ਪੀਆਰ, ਸਾਰਾ ਪਰਿਵਾਰ ਕੈਨੇਡਾ ਵਿਚ ਰਹਿ ਰਿਹਾ, ਲਈ ਕੈਨੇਡਾ ਦੀ ਪੀਆਰ, ਵਰਕ ਪਰਮਿਟ ਉਤੇ ਜਾਂ ਸਟੂਡੈਂਟ, ਲੜਕੀ ਦੀ ਲੋੜ ਹੈ। ਫੋਟੋਆਂ ਵਟਸਐਪ ਉਤੇ ਭੇਜ ਸਕਦੇ ਹੋ। ਸੰਪਰਕ: 3438892395, 9053240160

ਬਰੈਂਪਟਨ 'ਚ 4 ਸਾਲ ਤੋਂ ਵਰਕ ਪਰਮਿਟ ਰਿਫਿਊਜੀ ਕੇਸ 'ਤੇ ਰਹਿੰਦੇ ਜੱਟ ਸਿੱਖ, ਨਸ਼ਿਆਂ ਤੋਂ ਰਹਿਤ, ਉਮਰ 31 ਸਾਲ, ਟਰੱਕ ਡਰਾਇਵਰ ਦੀ ਜੌਬ ਕਰਦੇ ਲੜਕੇ ਲਈ ਕੈਨੇਡੀਅਨ ਪੀਆਰ ਜਾਂ ਸਿਟੀਜਨ ਲੜਕੀ ਦੀ ਲੋੜ ਹੈ। ਬਿਨਾਂ ਬੱਚੇ ਤੋਂ ਤਲਾਕਸ਼ੁਦਾ ਲੜਕੀ 'ਤੇ ਵੀ ਵਿਚਾਰ ਕੀਤਾ ਜਾਵੇਗਾ। ਮੈਰਿਜ ਬਿਊਰੋ ਵਾਲੇ ਫੋਨ ਨਾ ਕਰਨ। ਫੋਨ: 3652284327 ਜਾਂ 4374380242 ਜਾਂ ਵਟਸਅਪ 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਫਰੀ ਪਿਕਅਪ
Best Rates For Lessons
647-998-7500 ਬਲਵਿੰਦਰ



Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976





ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6



STARLANE PAINTING
Residential • Commercial • Industrial
Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
Call For FREE Estimate
7 Days A Week
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com



(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

# ਪਾਕਿ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਗ੍ਰਿਫਤਾਰ, ਇਸਲਾਮਾਬਾਦ ਹਾਈਕੋਰਟ ’ਚ ਰੇਂਜਰਾਂ ਨੇ ਕੀਤੀ ਕਰਾਵਾਈ

ਇਸਲਾਮਾਬਾਦ, 9 ਮਈ (ਪੋਸਟ ਬਿਊਰੋ): ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਇਮਰਾਨ ਨੂੰ ਮੰਗਲਵਾਰ ਨੂੰ ਉਸ ਸਮੇਂ ਗ੍ਰਿਫਤਾਰ ਕੀਤਾ ਗਿਆ ਜਦੋਂ ਉਹ ਇਸਲਾਮਾਬਾਦ ਹਾਈ ਕੋਰਟ ਵਿੱਚ ਬਾਇਓਮੈਟ੍ਰਿਕ ਵੈਰੀਫਿਕੇਸ਼ਨ ਲਈ ਜਾ ਰਹੇ ਸਨ। ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਨੇਤਾ ਮੁਸਰਤ ਚੀਮਾ ਨੇ ਦਾਅਵਾ ਕੀਤਾ ਹੈ ਕਿ ਇਮਰਾਨ 'ਤੇ ਤਸ਼ੱਦਦ ਕੀਤਾ ਜਾ ਰਿਹਾ ਹੈ। ਇਮਰਾਨ ਖਾਨ ਨੂੰ ਬੁੱਧਵਾਰ ਨੂੰ ਅਦਾਲਤ 'ਚ ਪੇਸ਼ ਕੀਤਾ ਜਾਵੇਗਾ।



ਇਮਰਾਨ ਨੂੰ ਭ੍ਰਿਸ਼ਟਾਚਾਰ ਦੇ ਇੱਕ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸਲਾਮਾਬਾਦ ਪੁਲਸ ਦੀ ਤਰਫੋਂ ਟਵੀਟ ਕਰਕੇ ਦੱਸਿਆ ਗਿਆ ਕਿ ਕਾਦਿਰ ਟਰੱਸਟ ਮਾਮਲੇ 'ਚ ਇਮਰਾਨ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪੀਟੀਆਈ ਦੇ ਉਪ ਪ੍ਰਧਾਨ ਫਵਾਦ ਚੌਧਰੀ ਨੇ ਇਸ 'ਤੇ ਟਵੀਟ ਕਰਕੇ ਕਿਹਾ ਕਿ ਹਾਈਕੋਰਟ 'ਤੇ ਫਿਲਹਾਲ ਰੇਂਜਰਾਂ ਦਾ ਕਬਜ਼ਾ ਹੈ ਅਤੇ ਵਕੀਲਾਂ 'ਤੇ ਤਸ਼ੱਦਦ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਮਰਾਨ ਦੀ ਕਾਰ ਨੂੰ ਵੀ ਘੇਰ ਲਿਆ ਗਿਆ ਸੀ। ਪੀਟੀਆਈ ਦੇ ਇੱਕ ਹੋਰ ਆਗੂ ਅਜ਼ਹਰ ਮਸ਼ਵਾਨੀ ਨੇ ਦੋਸ਼ ਲਾਇਆ ਹੈ ਕਿ ਇਮਰਾਨ ਨੂੰ ਅਦਾਲਤ ਦੇ ਬਾਹਰ ਰੇਂਜਰਾਂ ਨੇ ਅਗਵਾ ਕਰ ਲਿਆ ਹੈ। ਮਸ਼ਵਾਨੀ ਮੁਤਾਬਕ ਪਾਰਟੀ ਨੇ ਆਪਣੇ ਸਮਰਥਕਾਂ ਨੂੰ ਦੇਸ਼ ਭਰ ਤੋਂ ਇਕੱਠੇ ਹੋਣ ਲਈ ਕਿਹਾ ਹੈ। ਗ੍ਰਿਫ਼ਤਾਰੀ ਤੋਂ ਠੀਕ ਪਹਿਲਾਂ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ਼ ਅਤੇ ਪਾਕਿਸਤਾਨ ਪੀਪਲਜ਼ ਪਾਰਟੀ (ਪੀਪੀਪੀ) ਦੇ ਸਹਿ-ਪ੍ਰਧਾਨ ਆਸਿਫ਼ ਅਲੀ ਜ਼ਰਦਾਰੀ ਨੇ ਇਮ-ਰਾਨ ਖ਼ਾਨ ਵੱਲੋਂ ਫ਼ੌਜ 'ਤੇ ਲਾਏ ਗਏ ਗੰਭੀਰ ਦੋਸ਼ਾਂ ਦੀ ਨਿੰਦਾ ਕੀਤੀ ਹੈ।

# ਐਨਆਈਏ ਵਲੋਂ ਅੱਤਵਾਦੀ ਸੰਗਠਨਾਂ ਦੇ 16 ਟਿਕਾਣਿਆਂ ’ਤੇ ਛਾਪੇਮਾਰੀ

ਨਵੀਂ ਦਿੱਲੀ, 9 ਮਈ (ਪੋਸਟ ਬਿਊਰੋ): ਜੰਮੂ-ਕਸ਼ਮੀਰ 'ਚ ਅੱਤਵਾਦੀ ਸੰਗਠਨਾਂ ਖਿਲਾਫ ਐਨਆਈਏ ਲਗਾਤਾਰ ਛਾਪੇਮਾਰੀ ਕਰ ਰਹੀ ਹੈ। ਮੰਗਲਵਾਰ ਨੂੰ ਇਕ ਵਾਰ ਫਿਰ ਐਨਆਈਏ ਨੇ ਸੂਬੇ 'ਚ 16 ਥਾਵਾਂ 'ਤੇ ਛਾਪੇਮਾਰੀ ਕੀਤੀ। ਇਨ੍ਹਾਂ ਵਿੱਚੋਂ 12 ਸਥਾਨ ਕਸ਼ਮੀਰ ਘਾਟੀ ਵਿੱਚ ਅਤੇ ਚਾਰ ਜੰਮੂ ਡਿਵੀਜ਼ਨ ਵਿੱਚ ਹਨ। ਐਨਆਈਏ ਨੇ ਨਵੇਂ ਅੱਤਵਾਦੀ ਸੰਗਠਨਾਂ ਅਤੇ ਉਨ੍ਹਾਂ ਦੇ ਮਦਦਗਾਰਾਂ ਦੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਹੈ। ਐਨਆਈਏ ਮੁਤਾਬਕ, ਉਹ ਜੰਮੂ-ਕਸ਼ਮੀਰ ਵਿੱਚ ਦਹਿਸ਼ਤ, ਹਿੰਸਾ ਅਤੇ ਭੰਨਤੋੜ ਨਾਲ ਸਬੰਧਤ



ਗਤੀਵਿਧੀਆਂ ਫੈਲਾਉਣ ਵਿੱਚ ਸ਼ਾਮਲ ਪਾਏ ਗਏ ਹਨ।

ਐਨਆਈਏ ਨੇ ਇਕ ਬਿਆਨ 'ਚ ਕਿਹਾ ਹੈ ਕਿ ਅੱਤਵਾਦੀ ਸਾਜ਼ਿਸ਼ ਮਾਮਲੇ 'ਚ ਛਾਪੇਮਾਰੀ ਦੇਰ ਸ਼ਾਮ ਤੱਕ ਜਾਰੀ ਸੀ। ਅਨੰਤਨਾਗ, ਸ੍ਰੀਨਗਰ, ਬਡਗਾਮ, ਸ਼ੋਪੀਆਂ, ਕੁਲਗਾਮ ਅਤੇ ਬਾਰਾਮੂਲਾ ਜ਼ਿਲ੍ਹਿਆਂ ਦੇ ਨਾਲ-ਨਾਲ ਐਨਆਈਏ ਨੇ ਜੰਮੂ ਦੇ ਪੁੰਛ, ਰਾਜੌਰੀ ਅਤੇ ਕਿਸ਼ਤਵਾੜ ਜ਼ਿਲ੍ਹਿਆਂ ਵਿੱਚ ਵੀ ਕਾਰਵਾਈ ਕੀਤੀ ਹੈ।

ਐਨਆਈਏ ਨਵੇਂ ਬਣੇ ਅੱਤਵਾਦੀ ਸਮੂਹਾਂ ਦੀਆਂ ਗਤੀਵਿਧੀਆਂ ਦੀ ਜਾਂਚ ਕਰ ਰਹੀ ਹੈ। "ਦ ਰੇਜ਼ਿਸਟੈਂਸ ਫਰੰਟ", "ਯੂਨਾਈਟਿਡ ਲਿਬਰੇਸ਼ਨ ਫਰੰਟ ਜੰਮੂ ਐਂਡ ਕਸ਼ਮੀਰ", "ਮੁਜਾਹਿਦੀਨ ਗ਼ਜ਼ਵਤ-ਉਲ-ਹਿੰਦ", "ਜੰਮੂ ਅਤੇ ਕਸ਼ਮੀਰ ਫਰੀਡਮ ਫਾਈਟਰਜ਼", ਕਸ਼ਮੀਰ ਟਾਈਗਰਜ਼ ਅਤੇ ਹੋਰਾਂ ਦੀ ਜਾਂਚ ਕਰ ਰਹੀ ਹੈ। ਇਹ ਸੰਗਠਨ ਲਸ਼ਕਰ-ਏ-ਤੋਇਬਾ, ਜੈਸ਼-ਏ-ਮੁਹੰਮਦ, ਹਿਜ਼ਬ-ਉਲ-ਮੁਜਾਹਿਦੀਨ, ਅਲ-ਬਦਰ ਅਤੇ ਅਲ-ਕਾਇਦਾ ਵਰਗੇ ਅੱਤਵਾਦੀ ਸੰਗਠਨਾਂ ਨਾਲ ਜੁੜਿਆ ਹੋਇਆ ਹੈ।

# ਭਾਰਤੀ ਫੌਜ ’ਚ ਬ੍ਰਿਗੇਡੀਅਰ ਅਤੇ ਉਪਰਲੇ ਰੈਂਕ ਦੇ ਅਧਿਕਾਰੀ ਪਹਿਨਣਗੇ ਇੱਕੋ ਜਿਹੀ ਵਰਦੀ



ਨਵੀਂ ਦਿੱਲੀ, 9 ਮਈ (ਪੋਸਟ ਬਿਊਰੋ): ਭਾਰਤੀ ਸੈਨਾ ਵਿੱਚ ਬ੍ਰਿਗੇਡੀਅਰ ਰੈਂਕ ਅਤੇ ਇਸ ਤੋਂ ਉੱਪਰ ਦੇ ਅਧਿਕਾਰੀ ਹੁਣ ਇਕਸਾਰ ਯੂਨੀਫਾਰਮ ਪਹਿਨਣਗੇ, ਭਾਵੇਂ ਉਨ੍ਹਾਂ ਦੇ ਪੇਰੈਂਟ ਕੇਡਰ ਅਤੇ ਪੋਸਟਿੰਗ ਦੀ ਪਰਵਾਹ ਕੀਤੇ ਬਿਨਾਂ। ਇਹ ਫੈਸਲਾ ਹਾਲ ਹੀ ਵਿੱਚ ਸਮਾਪਤ ਹੋਈ ਆਰਮੀ ਕਮਾਂਡਰਾਂ ਦੀ ਕਾਨਫਰੰਸ ਦੌਰਾਨ ਵਿਸਤ੍ਰਿਤ ਵਿਚਾਰ-ਵਟਾਂਦਰੇ ਅਤੇ ਸਾਰੇ ਹਿੱਸੇਦਾਰਾਂ ਨਾਲ ਵਿਆਪਕ ਵਿਚਾਰ-ਵਟਾਂਦਰੇ ਤੋਂ ਬਾਅਦ ਲਿਆ ਗਿਆ ਹੈ। ਇਹ ਨਵੇਂ ਬਦਲਾਅ 1 ਅਗਸਤ, 2023 ਤੋਂ ਲਾਗੂ ਹੋਣਗੇ। ਭਾਰਤੀ ਫੌਜ ਦੇ ਇਸ ਫੈਸਲੇ ਰਾਹੀਂ ਸਾਰੇ ਸੀਨੀਅਰ ਅਫਸਰਾਂ ਵਿੱਚ ਸਾਂਝੀ ਸਮਝ ਅਤੇ ਸਾਂਝੀ ਪਛਾਣ ਯਕੀਨੀ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਹੈਡਗੀਅਰ, ਸ਼ੋਲਡਰ ਰੈਂਕ ਬੈਜ, ਗੋਰਗੇਟ ਪੈਚ, ਬੈਲਟ ਅਤੇ ਫੁੱਟਵੀਅਰ ਇਕ ਸਮਾਨ ਹੋਣਗੇ। ਇਸ ਦੇ ਨਾਲ ਹੀ ਕਰਨਲ ਤੋਂ ਹੇਠਲੇ ਅਧਿਕਾਰੀਆਂ ਦੀ ਵਰਦੀ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ।

ਸੂਤਰਾਂ ਮੁਤਾਬਿਕ ਭਾਰਤੀ ਸੈਨਾ ਨੇ ਰੈਜੀਮੈਂਟਲ ਸੀਮਾਵਾਂ ਤੋਂ ਪਾਰ, ਸੀਨੀਅਰ ਲੀਡਰਸ਼ਿਪ ਵਿੱਚ ਸੇਵਾ ਦੇ ਮਾਮਲਿਆਂ ਵਿੱਚ ਇੱਕ ਸਾਂਝੀ ਪਛਾਣ ਅਤੇ ਪਹੁੰਚ ਨੂੰ ਉਤਸ਼ਾਹਿਤ ਕਰਨ ਲਈ ਬ੍ਰਿਗੇਡੀਅਰ ਅਤੇ ਇਸ ਤੋਂ ਉੱਪਰ ਦੇ ਰੈਂਕ ਦੇ ਅਧਿਕਾਰੀਆਂ ਲਈ ਇੱਕ ਸਮਾਨ ਵਰਦੀ ਅਪਣਾਉਣ ਦਾ ਫੈਸਲਾ ਕੀਤਾ ਹੈ। ਇਸ ਵਿੱਚ ਕਿਹਾ ਗਿਆ ਹੈ, "ਇਹ ਇੱਕ ਨਿਰਪੱਖ ਅਤੇ ਬਰਾਬਰੀ ਵਾਲਾ ਸੰਗਠਨ ਹੋਣ ਦੇ ਭਾਰਤੀ ਫੌਜ ਦੀ ਵਿਸ਼ੇਸ਼ਤਾ ਨੂੰ ਹੋਰ ਮਜ਼ਬੂਤ ਕਰੇਗਾ।"

ਭਾਰਤੀ ਫੌਜ ਵਿੱਚ ਬ੍ਰਿਗੇਡੀਅਰ ਅਤੇ ਇਸ ਤੋਂ ਉੱਪਰ ਦੇ ਅਧਿਕਾਰੀ ਉਹ ਹਨ ਜੋ ਪਹਿਲਾਂ ਹੀ ਯੂਨਿਟਾਂ ਅਤੇ ਬਟਾਲੀਅਨਾਂ ਦੀ ਕਮਾਂਡ ਕਰ ਚੁੱਕੇ ਹਨ, ਅਤੇ ਉਨ੍ਹਾਂ ਵਿੱਚੋਂ ਜ਼ਿਆਦਾਤਰ ਹੈਡਕੁਆਰਟਰ ਜਾਂ ਅਦਾਰਿਆਂ ਵਿੱਚ ਤਾਇਨਾਤ ਹਨ, ਜਿੱਥੇ ਸਾਰੇ ਹਥਿਆਰਾਂ ਅਤੇ ਸੇਵਾਵਾਂ ਦੇ ਅਧਿਕਾਰੀ ਮਿਲ ਕੇ ਕੰਮ ਕਰਦੇ ਹਨ।

# ਵਿਕਟਰੀ ਡੇਅ ਪਰੇਡ ’ਤੇ ਗਰਜੇ ਪੁਤਿਨ, ਕਿਹਾ ’ਯੂਕਰੇਨ ਪੱਛਮ ਦਾ ਬੰਧਕ ਬਣਿਆ, ਸਾਡੇ ਲਈ ਦੇਸ਼ ਸਭ ਤੋਂ ਵੱਡਾ’

ਮਾਸਕੋ, 9 ਮਈ (ਪੋਸਟ ਬਿਊਰੋ): ਯੂਕਰੇਨ ਦੇ ਨਾਲ ਜੰਗ ਦੇ ਵਿਚਕਾਰ, ਰੂਸ ਦੀ ਰਾਜਧਾਨੀ ਮਾਸਕੋ ਵਿੱਚ ਵਿਕਟਰੀ ਡੇਅ ਪਰੇਡ ਦਾ ਆਯੋਜਨ ਕੀਤਾ ਗਿਆ ਸੀ। ਇਸ ਨੂੰ ਰੂਸ ਵੱਲੋਂ ਸ਼ਕਤੀ ਪ੍ਰਦਰਸ਼ਨ ਵਜੋਂ ਦੇਖਿਆ ਜਾ ਰਿਹਾ ਹੈ। ਇਸ ਦੌਰਾਨ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਕਿਹਾ ਕਿ ਸਾਡੇ ਲਈ ਮਾਤ ਭੂਮੀ ਤੋਂ ਵੱਧ ਕੁਝ ਵੀ ਮਹੱਤਵਪੂਰਨ ਨਹੀਂ ਹੈ। ਉਨ੍ਹਾਂ ਕਿਹਾ, ਅੱਜ ਸਭਿਅਤਾ ਮੁੜ ਇੱਕ ਮੋੜ 'ਤੇ ਹੈ। ਸਾਡੇ ਦੇਸ਼ ਵਿਰੁੱਧ ਅਸਲ ਜੰਗ ਸ਼ੁਰੂ ਹੋ ਗਈ ਹੈ। ਅਸੀਂ ਆਪਣੀ ਸੁਰੱਖਿਆ ਯਕੀਨੀ ਬਣਾਵਾਂਗੇ। ਰਾਸ਼ਟਰਪਤੀ ਪੁਤਿਨ ਨੇ ਕਿਹਾ, ਪੱਛਮੀ ਦੇਸ਼ ਭੁੱਲ ਗਏ ਹਨ ਕਿ ਨਾਜ਼ੀਆਂ ਨੂੰ ਕਿਵੇਂ ਹਰਾਇਆ ਗਿਆ ਸੀ। ਹੁਣ ਇਹ ਲੋਕ ਰੂਸੋਫੋਬੀਆ ਚਲਾ ਰਹੇ ਹਨ। ਇਸ ਦਾ ਉਦੇਸ਼ ਸਾਡੇ ਦੇਸ਼ ਨੂੰ ਤੋੜਨਾ ਹੈ। ਉਨ੍ਹਾਂ ਕਿਹਾ ਕਿ ਸਰਬਉੱਚਤਾ ਦੀ ਕਿਸੇ ਵੀ ਵਿਚਾਰਧਾਰਾ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਪਰ ਪੱਛਮ ਆਪਣੀ ਵਿਸ਼ੇਸ਼ਤਾ ਵਿੱਚ ਵਿਸ਼ਵਾਸ ਰੱਖਦਾ ਹੈ ਅਤੇ ਇਸਨੂੰ ਕਾਇਮ ਰੱਖਣ ਲਈ ਯੁੱਧ ਛੇੜਦਾ ਹੈ।



ਮਾਸਕੋ ਦੇ ਰੈੱਡ ਸਕੁਏਅਰ 'ਤੇ 10 ਮਿੰਟ ਦੇ ਭਾਸ਼ਣ ਵਿੱਚ, ਪੁਤਿਨ ਨੇ ਯੂਕਰੇਨ ਵਿੱਚ ਰੂਸ ਦੀ ਲੜਾਈ ਦੇ ਲਗਭਗ 15 ਮਹੀਨਿਆਂ ਵਿੱਚ ਕਈ ਵਾਰ ਦਿੱਤੇ ਬਿਆਨਾਂ ਨੂੰ ਦੁਹਰਾਇਆ। ਇਸ ਦੌਰਾਨ ਪੁਤਿਨ ਨੇ ਕਿਹਾ, ਯੂਕਰੇਨ ਪੱਛਮੀ ਦੇਸ਼ਾਂ ਦਾ ਬੰਧਕ ਬਣ ਗਿਆ ਹੈ। ਇਹ ਪੱਛਮ ਦੇ ਹੱਥਾਂ ਵਿੱਚ ਸੌਦੇਬਾਜ਼ੀ ਵਾਂਗ ਹੈ। ਅਸੀਂ ਅੰਤਰਰਾਸ਼ਟਰੀ ਅੱਤਵਾਦ ਤੋਂ ਇਨਕਾਰ ਕੀਤਾ ਹੈ, ਉਸਨੇ ਕਿਹਾ, ਅਤੇ ਅਸੀਂ ਡੌਨਬਾਸ ਦੇ ਨਿਵਾਸੀਆਂ ਦੀ ਰੱਖਿਆ ਕਰਾਂਗੇ। ਸਾਡੇ ਲਈ ਮਾਤ ਭੂਮੀ ਦੇ ਪਿਆਰ ਤੋਂ ਵੱਡਾ ਹੋਰ ਕੁਝ ਨਹੀਂ ਹੈ। ਰੂਸ ਵਿਚ ਹਰ ਪਰਿਵਾਰ ਦੇਸ਼ ਭਗਤ ਯੁੱਧ ਦੇ ਸਾਡੇ ਨਾਇਕਾਂ ਨੂੰ ਯਾਦ ਕਰਦਾ ਹੈ। ਸੰਸਾਰ ਨੂੰ ਨਾਜ਼ੀਵਾਦ ਤੋਂ ਬਚਾ ਕੇ, ਸਾਡੇ ਪਿਉ-ਦਾਦਿਆਂ ਨੇ ਇਤਿਹਾਸ ਵਿੱਚ ਆਪਣੀ ਪਛਾਣ ਬਣਾਈ ਹੈ।

# ਬੋਲਣ ਦਾ ਸਮਾਂ ਨਾ ਮਿਲਣ ’ਤੇ ਗੁੱਸੇ ’ਚ ਆਏ ਸੰਸਦ ਮੈਂਬਰ ਨੇ ਸਦਨ ’ਚ ਉਤਾਰੇ ਕੱਪੜੇ

ਕਾਠਮੰਡੂ, 9 ਮਈ (ਪੋਸਟ ਬਿਊਰੋ): ਨੇਪਾਲ 'ਚ ਇਕ ਸੰਸਦ ਮੈਂਬਰ ਨੇ ਸਦਨ ਦੀ ਬੈਠਕ ਦੌਰਾਨ ਆਪਣੇ ਕੱਪੜੇ ਉਤਾਰ ਦਿੱਤੇ, ਜਿਸ ਦਾ ਕਈ ਸੰਸਦ ਮੈਂਬਰਾਂ ਨੇ ਵਿਰੋਧ ਕੀਤਾ। ਦੱਸ ਦੇਈਏ ਕਿ ਨੇਪਾਲ ਦੀ ਸੰਸਦ ਦੇ ਇਤਿਹਾਸ ਵਿੱਚ ਇਹ ਪਹਿਲੀ ਘਟਨਾ ਸੀ। ਦਰਅਸਲ ਆਜ਼ਾਦ ਸੰਸਦ ਮੈਂਬਰ ਅਮਰੇਸ਼ ਕੁਮਾਰ ਸਿੰਘ ਨੇ ਬੋਲਣ ਦਾ ਸਮਾਂ ਨਾ ਦਿੱਤੇ ਜਾਣ ਦੇ ਵਿਰੋਧ 'ਚ ਸੋਮਵਾਰ ਨੂੰ ਸਦਨ 'ਚ ਆਪਣੀ ਕਮੀਜ਼ ਅਤੇ ਵੇਸਟ ਉਤਾਰ ਦਿੱਤਾ। ਸਿੰਘ, ਨੇਪਾਲੀ ਕਾਂਗਰਸ ਦੇ ਸਾਬਕਾ ਨੇਤਾ, ਨੇ ਨੇਪਾਲੀ ਕਾਂਗਰਸ ਵੱਲੋਂ ਟਿਕਟ ਦੇਣ ਤੋਂ ਇਨਕਾਰ ਕਰਨ ਤੋਂ ਬਾਅਦ ਪਿਛਲੇ ਸਾਲ ਸਰਲਾਹੀ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜੀ ਸੀ।



ਆਪਣੇ ਕੱਪੜੇ ਉਤਾਰਨ ਤੋਂ ਪਹਿਲਾਂ ਸਿੰਘ ਨੇ ਕਿਹਾ ਕਿ ਮੈਂ ਭ੍ਰਿਸ਼ਟਾਚਾਰ ਵਿਰੁੱਧ ਬੋਲਣ ਲਈ ਸ਼ਹੀਦ ਹੋਣ ਲਈ ਤਿਆਰ ਹਾਂ। ਘਿਮੀਰੇ ਨੇ ਉਨ੍ਹਾਂ ਨੂੰ ਸੰਸਦੀ ਮਰਿਆਦਾ ਦਾ ਖਿਆਲ ਰੱਖਣ ਲਈ ਕਿਹਾ। ਹਾਲਾਂਕਿ ਸਿੰਘ ਨੇ ਸਪੀਕਰ ਦੀ ਕੋਈ ਵੀ ਬੇਨਤੀ ਸੁਣਨ ਤੋਂ ਇਨਕਾਰ ਕਰ ਦਿੱਤਾ ਅਤੇ ਆਪਣੇ ਕੱਪੜੇ ਉਤਾਰਨੇ ਸ਼ੁਰੂ ਕਰ ਦਿੱਤੇ। ਇਸ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਕੁਝ ਸੰਸਦ ਮੈਂਬਰਾਂ ਨੇ ਸਿੰਘ ਦੀ ਮੈਡੀਕਲ ਜਾਂਚ ਦੀ ਮੰਗ ਕੀਤੀ ਹੈ।


REXDALE BODY SHOP
USED CAR SALE



CHEEMA
LOWEST PRICE IN TOWN
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED



25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
Call Rick or Manminder Cheema: 416.749.9596 / 416.951.6431
Towing Service Car Paint Starts $799* upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



ਜ਼ਰੂਰੀ ਬੇਨਤੀ

ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਆਖੰਡ ਪਾਠ ਸਾਹਿਬ ਦਾ ਭੋਗ ੧੯ਓ

ਪਿੰਡ ਸੂਸਾਂ ਜਿਲ੍ਹਾ ਹੁਸ਼ਿਆਰਪੁਰ ਅਤੇ ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਡਿਕਸੀ ਰੋਡ ਗੁਰਦਵਾਰਾ ਸਾਹਿਬ ਵਿਖੇ 26 ਮਈ ਦਿਨ ਸ਼ੁਕਰਵਾਰ ਨੂੰ ਸਵੇਰੇ 11 ਵਜ੍ਹੇ ਆਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 28 ਮਈ ਦਿਨ ਐਤਵਾਰ ਨੂੰ ਸਵੇਰ 11 ਵਜ੍ਹੇ ਭੋਗ ਪਾਏ ਜਾਣਗੇ। ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਨੂੰ ਹੁੰਮ-ਹਮਾਕੇ ਪਹੁੰਚਣ ਦੀ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈਂ।

ਵਧੇਰੇ ਜਾਣਕਾਰੀ ਲਈ ਹੇਠ ਲਿਖੇ ਫੋਨ ਨੰਬਰਾਂ ਤੇ ਸੰਪਰਕ ਕੀਤਾ ਜਾ ਸਕਦਾ ਹੈ:

ਧਰਮਿੰਦਰ ਸਿੰਘ ਸੂਚ 416-879-6824

ਪਰਮਜੀਤ ਸਿੰਘ ਸੂਚ 416-873-7508

ਸਰਬਜੀਤ ਸਿੰਘ ਸੂਚ 416-357-7667

ਗੁਰਮੇਲ ਸਿੰਘ ਸੂਚ 905-814-0756

ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਸਮਾਗਮ 2023




URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD
Hwy 7/ Churchill Rd/Tanners Dr
ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲ੍ਹੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।
Mclaughlin Rd & Steeles Ave
ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ
Wanless /Queen Mary /Mclaughlin
2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲ੍ਹੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।
Chinguacousy & Bovaird
ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।
FREE
Full MLS services
Consistent marketing until your property is sold
Staging consultation
Billboard, flyer
Online Promotion
Professional pictures & virtual tour
Social media & radio advertisement
Open house till sold
Competitive rates, exceptional service & award winning results
RE/MAX REALTY SPECIALISTS INC.
Ph:905-456-3232
JAG AUJLA
MCNE, Real Estate Broker
416-371-7777
NOT INTENDED TO SOLICIT BUYERS OR SELLERS CURRENTLY UNDER CONTRACT


Dr. Randhawa Dentistry
Your own dentist who really cares for you
We Provide the following Services:
Dental Crowns, Veneers & Bridges
Dental Fillings & Gum Treatment
Root Canal (RCT), Dentures, Extraction
Kids Dentistry
Wisdom Tooth Surgery
Invisalign (Invisible Braces)
Digital X-Rays System
Teeth Cleaning & Whitening
Cosmetic Dental Treatment
Dr. Samreet Kaur Randhawa
General Family Dentist
New Patients welcome
Deal Directly with all Insurance Companies
ਸੀਨੀਅਰ ਡਿਸਕਾਊਂਟ
ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd
Mcvean Dr
DENTISTRY
Squire Ellis Dr
Gore Rd
Countryside Dr
Grand Upholstery Ltd
Sofa Company Originality in Every Piece
Special on Sale
ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017